BUILDING SAFETY CERTIFICATE

Subject :- Building Safety Certificate for A.P.J. Sr. Sec. School, Ward No. 4, Mundi Kharar, Distt. SAS Nagar.

A.P.J. Sr. Sec. School ਦੀ ਬਿਲਡਿੰਗ ਦਾ ਸਟੱਰਕਚਰ ਸਟੇਬਿਲਟੀ ਸਰਟੀਫਿਕੇਟ Er. Ujjwal Sharma (M.Tech. Strctural Engineering) ਦੇ ਪੱਤਰ ਨੰ. UB/26/2-4 ਮਿਤੀ 13-04-2026 ਨੂੰ ਧਿਆਨ ਵਿੱਚ ਰੱਖਦੇ ਹੋਏ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ 31.03.2027 ਤੱਕ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ:-

1. ਨਿਰੀਖਣ ਤੋਂ ਬਾਅਦ ਜੇਕਰ ਸਕੂਲ ਮੁੱਖੀ ਵੱਲੋਂ ਨੱਥੀ ਪਲੈਨ ਵਿੱਚ ਦਰਸਾਈ ਗਈ ਬਿਲਡਿੰਗ ਦੇ ਸਟਰੱਕਚਰ ਵਿੱਚ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਜਾਂ ਨਵੀਂ ਉਸਾਰੀ ਕੀਤੀ ਜਾਂਦੀ ਹੈ ਤਾਂ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ।
2. ਜੇਕਰ ਕੋਈ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਵੀ ਸਕੂਲ ਮੁੱਖੀ ਨੂੰ ਤੁਰੰਤ ਇਸ ਦਫਤਰ ਨੂੰ ਸੂਚਿਤ ਕਰਨਾ ਪਵੇਗਾ ਤਾਂ ਜੋ ਬਣਦੀ ਕਾਰਵਾਈ ਕੀਤੀ ਜਾ ਸਕੇ।
3. ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਿਜ਼, ਐਸ.ਏ.ਐਸ ਨਗਰ ਵੱਲੋਂ ਉਹਨਾਂ ਦੇ ਨੰ. PBIP-(Fire)2026/1605 ਮਿਤੀ 09-04.2026 ਦੁਆਰਾ ਜਾਰੀ ਕੀਤਾ ਗਿਆ ਹੈ। ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ. ਇਸ ਨੂੰ ਯਕੀਨੀ ਬਣਾਇਆ ਜਾਵੇ।
4. ਉਕਤ ਕਿਸੇ ਵੀ ਹਾਲਤ ਵਿੱਚ ਜਾਂ ਹੋਰ ਕੋਈ ਕੁਦਰਤੀ/ਮਨੁੱਖੀ ਆਫਤਾਂ ਆਉਣ ਦੀ ਸੂਰਤ ਵਿੱਚ ਬਿਲਡਿੰਗ ਦੀ ਤੁਰੰਤ ਰੀ-ਇੰਸਪੈਕਸ਼ਨ ਕਰਾਉਣ ਦੀ ਨਿਰੋਲ ਜ਼ਿੰਮੇਵਾਰੀ ਕੇਵਲ ਬਿਨੈਕਾਰ ਦੀ ਹੋਵੇਗੀ ।
5. ਜੇਕਰ ਸਕੂਲ ਵੱਲੋਂ ਸੇਫਟੀ ਨਾਲ ਸਬੰਧਤ ਕਿਸੇ ਵੀ ਸ਼ਰਤ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਸ ਵਿਭਾਗ ਵੱਲੋਂ ਜਾਰੀ ਕੀਤਾ ਸਰਟੀਫਿਕੇਟ ਰੱਦ ਕਰ ਦਿੱਤਾ ਜਾਵੇਗਾ।
6. ਰੇਡ ਅਸੈਸ ਸਬੰਧੀ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਭਵਿੱਖ ਵਿੱਚ ਜੋ ਵੀ ਫੈਸਲਾ ਕੀਤਾ ਜਾਵੇਗਾ, ਉਸ ਨੂੰ ਇਹ ਸੰਸਥਾ ਮੰਨਣ ਦੀ ਪਾਬੰਦ ਹੋਵੇਗੀ।
7. ਜੇਕਰ ਬਿਲਡਿੰਗ ਉੱਪਰ ਹੋਰ ਮੰਜਿਲ ਦੀ ਉਸਾਰੀ ਕੀਤੀ ਜਾਂਦੀ ਹੈ ਤਾਂ ਉਸ ਬਿਲਡਿੰਗ ਦੀਆਂ ਹੇਠਲੀਆਂ ਮੰਜਿਲਾਂ ਵਿੱਚ ਜਮਾਤਾਂ ਨਾ ਲਗਾਈਆਂ ਜਾਣ।
8. ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।
9. ਇਹ ਸਰਟੀਫਿਕੇਟ ਕੇਵਲ Visual Inspection ਦੇ ਆਧਾਰ ਤੇ ਕੇਵਲ Structural Safety ਪੱਖੋਂ ਜਾਰੀ ਕੀਤਾ ਗਿਆ ਹੈ। ਇਸ ਵਿੱਚ ਕੋਈ ਬਿਜਲੀ, ਮਸ਼ੀਨਰੀ, Equipment ਆਦਿ ਬਾਬਤ ਇਸ ਦਫਤਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।
10. ਸਕੂਲ ਅਥਾਰਟੀ ਦਾ ਫਾਇਰ ਸੇਫਟੀ ਸਰਟੀਫਿਕੇਟ 05-09-2025 ਤੱਕ valid ਹੈ । ਫਾਇਰ ਸੇਫਟੀ ਸਰਟੀਫਿਕੇਟ ਰੀਨਿਊ ਕਰਵਾਉਣ ਤੋਂ ਬਾਅਦ ਉਸ ਦੀ ਕਾਪੀ ਇਸ ਦਫਤਰ ਵਿੱਚ ਜਮ੍ਹਾਂ ਕਰਵਾਈ ਜਾਵੇ । ਨਾ ਜਮ੍ਹਾਂ ਕਰਵਾਉਣ ਦੀ ਸੂਰਤ ਵਿੱਚ ਇਸ ਐਨ.ਓ.ਸੀ. ਦੀ ਮਿਆਦ 05-09-2025 ਨੂੰ ਖਤਮ ਹੋ ਜਾਵੇਗੀ ।

ਉਪ ਮੰਡਲ ਇੰਜੀਨੀਅਰ,
ਉਸਾਰੀ ਉਪ ਮੰਡਲ ਨੰ.2, ਲੋ.ਨਿ.ਵਿ. ਭ ਤੇ ਸਾਧਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ

ਕਾਰਜਕਾਰੀ ਇੰਜੀਨੀਅਰ,
ਉਸਾਰੀ ਮੰਡਲ ਨੰ.1 ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

Scanned with OKEN Scanner